•

ਜ਼ਿਲ੍ਹਾ ਲੋਕ ਸਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮਜਿਸਟ੍ਰੇਟ ਵੱਲੋਂ ਕਰਫਿਊ ਦੌਰਾਨ ਲੱਕੜ ਦੇ ਕਰੇਟ ਬਣਾਉਣ ਵਾਲੀਆਂ ਇਕਾਈਆਂ ਦੇ ਕੰਮ ਕਰਨ ਅਤੇ ਸਪਲਾਈ ਦੇ ਸਮੇਂ ਵਿੱਚ ਵਾਧਾ

ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ ਕਰੇਟ ਬਣਾਉਣ ਅਤੇ ਇਨ੍ਹਾਂ ਦੀ ਸਪਲਾਈ ਹੋ ਸਕੇਗੀ

ਫਰੀਦਕੋਟ, 10 ਅਪ੍ਰੈਲ -( )-ਜ਼ਿਲ੍ਹਾ ਮੈਜਿਸਟਰੇਟ ਫਰੀਦਕੋਟ ਵੱਲੋਂ  ਮਿਤੀ 23.03.2020 ਨੂੰ ਕਰੋਨਾ ਵਾਇਰਸ ਦੇ ਬਚਾਅ ਲਈ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਹੈ । ਇਸ ਦਫਤਰ ਦੇ ਹੁਕਮ ਨੰ:316/ਮਿਤੀ 08- 4-2020 ਰਾਂਹੀ ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ , ਚੰਡੀਗੜ ਵੱਲੋ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਜਿਲ੍ਹਾ ਫਰੀਦਕੋਟ ਅੰਦਰ ਲੱਕੜ ਦੇ ਕਰੇਟ ਤਿਆਰ ਕਰਨ ਵਾਲੀਆਂ ਇਕਾਈਆਂ ਨੂੰ ਹਰ ਰੋਜ਼ ਸਵੇਰੇ 10.00 ਵਜੇ ਤੋਂ ਬਾਅਦ ਦੁਪਹਿਰ 1.00 ਵਜੇ ਤੱਕ ਚਲਾਉਣ ਅਤੇ ਸਪਲਾਈ ਕਰਨ ਵਾਸਤੇ ਕਰਫਿਊ ਤੋਂ ਛੋਟ ਦਿੱਤੀ ਗਈ ਸੀ। ਹੁਣ ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਹਾੜੀ ਸੀਜ਼ਨ ਕਾਰਨ ਇੰਨ੍ਹਾਂ ਕਰੇਟਾਂ ਦੀ ਮੰਗ ਜਿਆਦਾ ਹੋਣ ਕਾਰਨ ਇੰਨੇ ਘੱਟ ਸਮੇਂ ਵਿੱਚ ਜਿਆਦਾ ਮਾਤਰਾ ਵਿੱਚ ਕਰੇਟ ਤਿਆਰ ਕਰਨੇ ਸੰਭਵ ਨਹੀ ਹਨ। ਇਸ ਲਈ ਕਰੇਟ ਤਿਆਰ ਕਰਨ ਵਾਲੀਆਂ ਇਕਾਈਆਂ ਦੀ ਬੇਨਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਇਹਨਾਂ ਇਕਾਈਆਂ ਨੂੰ ਹਰ ਰੋਜ਼ ਸਵੇਰੇ 08 . 00 ਵਜੇ ਤੋਂ ਸ਼ਾਮ 06.00 ਵਜੇ ਤੱਕ ਪਹਿਲੀਆਂ ਸ਼ਰਤਾਂ ਦੇ ਅਧਾਰ ਤੇ ਚਲਾਉਣ ਦੀ ਕਰਫਿਊ ਹੁਕਮਾਂ ਵਿੱਚ ਛੋਟ ਦਿੱਤੀ ਜਾਂਦੀ ਹੈ । ਇਹ ਹੁਕਮ ਮਿਤੀ 10-04-2020 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕਰੋਨਾ ਦੇ ਫੈਲਾਅ ਨੂੰ ਰੋਕਣ ਲਈ ਜ਼ਿਲ੍ਹੇ ਵਿਚਲੇ ਧਾਰਮਿਕ /ਪ੍ਰਾਰਥਨਾ ਸਥਾਨ ਆਮ ਲੋਕਾਂ ਲਈ ਅਗਲੇ ਹੁਕਮਾਂ ਤੱਕ ਬੰਦ

ਕਿਸੇ ਵੀ ਤਰ੍ਹਾਂ ਦੇ ਧਾਰਮਿਕ ਸਮਾਗਮ /ਇਕੱਠ ਤੇ ਅਗਲੇ ਹੁਕਮਾਂ ਤੱਕ ਪੂਰਨ ਤੌਰ ਤੇ ਰੋਕ

ਫਰੀਦਕੋਟ,10 ਅਪਰੈਲ -(   )-ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈਏਐੱਸ ਨੇ ਪੰਜਾਬ ਸਰਕਾਰ ਦੇ ਗ੍ਰਹਿ ਤੇ ਨਿਆਂ ਵਿਭਾਗ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂਅਤੇ 23 ਮਾਰਚ 2020 ਨੂੰ ਜ਼ਿਲ੍ਹੇ ਵਿੱਚ ਕਰੋਨਾ ਵਰਗੀ ਭਿਆਨਕ ਮਹਾਂਮਾਰੀ ਨੂੰ ਅੱਗੇ ਵਧਣ ਤੋਂ ਰੋਕਣ ਲਈ ਲਗਾਏ ਗਏ ਕਰਫ਼ਿਊ ਦੀ ਲਗਾਤਾਰਤਾ ਤਹਿਤ ਜ਼ਿਲ੍ਹੇ ਵਿਚਲੇ ਸਮੂਹ ਧਾਰਮਿਕ ਸਥਾਨਾਂ /ਪ੍ਰਾਰਥਨਾ ਸਥਾਨਾਂ ਨੂੰ ਆਮ ਜਨਤਾ ਲਈ ਅਗਲੇ ਹੁਕਮਾਂ ਤੱਕ ਪੂਰਨ ਤੌਰ ਤੇ ਬੰਦ ਕਰਨ ਦੇ ਆਦੇਸ਼ ਦਿੱਤੇ ਹਨ ।ਇਸ ਤੋਂ ਇਲਾਵਾ ਧਾਰਮਿਕ ਸਥਾਨਾਂ /ਪ੍ਰਾਰਥਨਾ ਸਥਾਨਾਂ ਤੇ ਕਿਸੇ ਵੀ ਤਰ੍ਹਾਂ ਦੇ ਧਾਰਮਿਕ ਸਮਾਗਮ ਜਾਂ ਇਕੱਠ ਕਰਨ ਕਰਨ ਤੇ ਵੀ ਪੂਰਨ ਤੌਰ ਤੇ ਮਨਾਹੀ ਕੀਤੀ ਗਈ ਹੈ ।
ਜ਼ਿਲ੍ਹਾ ਮੈਜਿਸਟਰੇਟ ਨੇ ਧਾਰਾ 144 ਤਹਿਤ ਕ੍ਰਿਮੀਨਲ ਪ੍ਰੋਸੀਜਰ 1973 ਤਹਿਤ ਇਹ ਹੁਕਮ ਜਾਰੀ ਕੀਤੇ ਹਨ ਅਤੇ ਇਹ ਹੁਕਮ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

--

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੇ ਨਾੜ ਅਤੇ ਹੋਰ ਰਹਿੰਦ ਖੂੰਦ ਨੂੰ ਅੱਗ ਲਾਉਣ ਤੇ ਪੂਰਨ ਤੌਰ ਤੇ ਪਾਬੰਦੀ
ਵਾਤਾਵਰਨ ਦੀ ਸੰਭਾਲ ,ਹਾਦਸਿਆਂ ਨੂੰ ਰੋਕਣ ਅਤੇ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਲਿਆ ਗਿਆ ਫੈਸਲਾ
ਇਹ ਹੁਕਮ 31 ਮਈ 2020 ਤੱਕ ਲਾਗੂ ਰਹਿਣਗੇ

ਫਰੀਦਕੋਟ, 10 ਅਪ੍ਰੈਲ -(  )-ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਹਾੜ੍ਹੀ ਦੀ ਫਸਲ ਕਣਕ ਦੀ ਕਟਾਈ ਨੂੰ ਮੁੱਖ ਰੱਖਦਿਆਂ ਕਣਕ ਦੀ ਕਟਾਈ ਉਪਰੰਤ ਕਣਕ ਦੇ ਨਾੜ ਤੇ ਹੋਰ ਰਹਿੰਦ ਖੂੰਦ ਨੂੰ ਅੱਗ ਲਗਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾ ਦਿੱਤੀ ਹੈ।ਅਜਿਹਾ ਪੰਜਾਬ ਸਰਕਾਰ ਦੇ ਆਦੇਸ਼ਾਂ ,ਵਾਤਾਵਰਨ ਦੀ ਸੰਭਾਲ ਅਤੇ ਹੋਰ ਹਾਦਸਿਆਂ ਨੂੰ ਰੋਕਣ ਲਈ ਮੁੱਖ ਰੱਖ ਕੇ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਾਇੰਸ ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਚੰਡੀਗੜ੍ਹ ਨੇ ਆਪਣੇ ਵਿਭਾਗ ਦੇ ਅਰਧ ਸਰਕਾਰੀ ਪੱਤਰ ਰਾਂਹੀ ਲਿਖਿਆ ਹੈ ਕਿ ਕਿਸਾਨਾਂ ਵੱਲੋਂ ਹਾੜ੍ਹੀ 2020 ਕਣਕ ਦੀ ਫਸਲ ਦੀ ਕਟਾਈ ਜਲਦੀ ਸ਼ੁਰੂ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਕਣਕ ਦੀ ਫਸਲ ਕੱਟਣ ਉਪਰੰਤ ਰਹਿੰਦ ਖੂੰਹਦ ਅਤੇ ਨਾੜ ਨੂੰ ਸਬੰਧਤ ਮਾਲਕਾਂ ਵੱਲੋਂ ਅੱਗ ਲਗਾ ਦਿੱਤੀ ਜਾਂਦੀ ਹੈ। ਜਿਸ ਨਾਲ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ। ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ। ਆਲੇ ਦੁਆਲੇ ਖੜੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਜਿਸ ਨਾਲ ਕਈ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ ਅਤੇ ਜਾਨੀ ਮਾਲੀ ਨੁਕਸਾਨ ਹੋਣ ਦਾ ਖਤਰਾ ਹੁੰਦਾ ਹੈ। ਸੜਕ ਦੁਆਲੇ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿੱਚ ਵਿਘਨ ਪੈਂਦਾਂ ਹੈ ਅਤੇ ਕਈ ਹਾਦਸੇ ਹੋ ਜਾਂਦੇ ਹਨ। ਜਿਸ ਨਾਲ ਕਿਸੇ ਸਮੇਂ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣਾ ਵੀ ਔਖਾ ਹੋ ਸਕਦਾ ਹੈ। ਜਿਸ ਨਾਲ ਭਾਵੇ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਪਰ ਇਸ ਦਾ ਅਸਿੱਧੇ ਤੌਰ ਤੇ ਅਸਰ ਦੇਸ਼ ਦੇ ਉਤਪਾਦਨ ਤੇ ਪੈਂਦਾ ਹੈ। ਇਸ ਨੂੰ ਰੋਕਣਾ ਲੋਕ ਹਿੱਤ ਵਿੱਚ ਬਹੁਤ ਜਰੂਰੀ ਹੈ ਅਤੇ ਤੁਰੰਤ ਲੋੜੀਦੇ ਕਦਮ ਚੁੱਕਣ ਦੀ ਅਤੀ ਲੋੜ ਜਾਪਦੀ ਹੈ।

ਇਸ ਲਈ ਜ਼ਿਲ੍ਹਾ ਮੈਜਿਸਟਰੇਟ ਨੇ ਦੰਡ  ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਫਰੀਦਕੋਟ ਅੰਦਰ ਕਣਕ ਦੀ ਫਸਲ ਦੀ ਅਤੇ ਰਹਿੰਦ ਖੂੰਹਦ ਨਾੜ ਨੂੰ ਅੱਗ ਲਗਾਉਣ ਤੇ ਪਾਬੰਦੀ  ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਮਿਤੀ 10-04-2020 ਤੋਂ 31-05-2020 ਤੱਕ ਲਾਗੂ ਰਹਿਣਗੇ। --

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮੈਜਿਸਟਰੇਟ ਫਰੀਦਕੋਟ ਵੱਲੋਂ ਕਰੋਨਾ ਨਾਲ ਹੋਈ ਮੌਤ ਦੇ ਸਸਕਾਰ ਸਬੰਧੀ ਦਿਸ਼ਾ ਨਿਰਦੇਸ਼/ਗਾਈਡਲਾਈਨਜ਼ ਜਾਰੀ

ਫਰੀਦਕੋਟ 10 ਅਪ੍ਰੈਲ, 2020 ( ) ਕਰੋਨਾ ਵਾਇਰਸ ਨਾਲ ਪੀੜਤ ਮ੍ਰਿਤਕ ਦੀ ਦੇਹ ਦਾ ਸਸਕਾਰ ਕਰਨ ਲਈ ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲਾ ਨਵੀਂ ਦਿੱਲੀ ਅਤੇ ਪੰਜਾਬ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵੱਲੋਂ ਕਰੋਨਾ ਵਾਇਰਸ ਪੀੜਤਾਂ ਦੀ ਮੌਤ ਹੋ ਜਾਣ ਦੀ ਸੂਰਤ ਵਿਚ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਕਰਨ ਲਈ ਹਦਾਇਤਾਂ/ਗਾਈਡਲੈਂਸ ਜਾਰੀ ਕੀਤੀਆਂ ਗਈਆਂ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਕੋਰੋਨਾ ਵਾਇਰਸ ਪੀੜਤ ਵਿਅਕਤੀ ਦੀ ਮੌਤ ਹੋ ਜਾਣ ਉਪਰੰਤ ਮ੍ਰਿਤਕ ਦੇਹ ਪਰਿਵਾਰ ਦੇ ਮੈਂਬਰਾਂ ਵੱਲੋਂ ਹੀ ਸਬੰਧਤ ਹਸਪਤਾਲ ਤੋਂ ਪ੍ਰਾਪਤ ਕੀਤੀ ਜਾਵੇਗੀ ਅਤੇ ਸਮਸ਼ਾਨ ਘਾਟ ਵਿਚ ਅੰਤਿਮ ਸੰਸਕਾਰ ਪਰਿਵਾਰ ਵੱਲੋਂ ਸਰਕਾਰ ਦੀਆਂ ਗਾਈਡਲਾਈਨਜ਼/ਹਦਾਇਤਾਂ ਮੁਤਾਬਕ ਸਰਕਾਰੀ ਗਠਿਤ ਕਮੇਟੀ ਦੀ ਹਾਜ਼ਰੀ ਵਿਚ ਕਰਨਾ ਲਾਜ਼ਮੀ ਹੋਵੇਗਾ।

ਜੇਕਰ ਮ੍ਰਿਤਕ ਦੇ ਪਰਿਵਾਰ ਦਾ ਮੈਂਬਰ ਉਸ ਦੀ ਲਾਸ਼ ਸਸਕਾਰ ਕਰਨ ਲਈ ਲੈਣ ਤੋਂ ਇਨਕਾਰ ਕਰਦਾ ਹੈ ਤਾਂ ਅਜਿਹੀ ਸਥਿਤੀ ਵਿਚ ਸਬੰਧਤ ਹਸਪਤਾਲ ਦੇ ਡਾਕਟਰ/ਮੈਡੀਕਲ ਸੁਪਰਡੈਂਟ ਵੱਲੋਂ ਇਸ ਬਾਰੇ ਸਬੰਧਤ ਥਾਣੇ ਦੇ ਮੁੱਖ ਥਾਣਾ ਅਫਸਰ ਨੂੰ ਲਿਖਤੀ ਸੂਚਨਾ ਭੇਜੀ ਜਾਵੇਗੀ।

ਡਾਕਟਰ/ਮੈਡੀਕਲ ਸੁਪਰਡੰਟ ਵੱਲੋਂ ਸੂਚਨਾ ਮਿਲਣ ਉਪਰੰਤ ਸਬੰਧਤ ਥਾਣੇ ਦਾ ਮੁਖੀ ਜਾਂ ਉਸ ਵੱਲੋਂ ਨਿਯੁਕਤ ਕੀਤੇ ਥਾਣੇਦਾਰ ਤੁਰੰਤ ਪੰਜਾਬ ਪੁਲਿਸ ਰੂਲਜ਼-1929 ਦੇ ਸਬ ਪੈਰਾ(6)ਪੈਰਾ 25:36 ਨੂੰ ਮੁੱਖ ਰੱਖਦੇ ਹੋਏ ਪੜਤਾਲ/ਲੋੜੀਂਦੀ ਕਾਰਵਾਈ ਕਰਨ ਉਪਰੰਤ ਜੇਕਰ ਪਾਇਆ ਜਾਂਦਾ ਹੈ ਤਾਂ ਇਸ ਮ੍ਰਿਤਕ ਦਾ ਕੋਈ ਵੀ ਪਰਿਵਾਰਿਕ ਮੈਂਬਰ ਜਾਂ ਮਿੱਤਰ, ਮ੍ਰਿਤਕ ਦੀ ਦੇਹ ਲੈਣ ਨੂੰ ਤਿਆਰ ਨਹੀਂ ਹਨ ਤਾਂ ਇਸ ਮ੍ਰਿਤਕ ਦੇਹ ਨੂੰ ਅਨਕਲੇਮਡ ਡੈਡ ਬਾਡੀ ਤਸੱਵਰ ਕਰਦੇ ਹੋਏ ਮ੍ਰਿਤਕ ਦੀ ਲਾਸ਼ ਦਾ ਸਸਕਾਰ ਕਰਵਾਉਣ ਲਈ ਕਾਰਵਾਈ ਆਰੰਭ ਕਰੇਗਾ।

ਸਬੰਧਤ ਉਪ ਮੈਜਿਸਟਰੇਟ ਆਪਣੇ ਵੱਲੋਂ ਇਸ ਮੰਤਵ ਲਈ ਕਾਰਜਕਾਰੀ ਮੈਜਿਸਟਰੇਟ ਨੂੰ ਤੁਰੰਤ ਡਿਊਟੀ ਮੈਜਿਸਟਰੇਟ ਨਿਯੁਕਤ ਕਰੇਗਾ, ਜੋ

ਪੁਲਿਸ, ਸਿਹਤ ਵਿਭਾਗ ਅਤੇ ਨਗਰ ਕੌਂਸਲ ਵੱਲੋਂ ਗਠਿਤ ਕੀਤੀ ਗਈ ਟੀਮ ਨਾਲ ਤਾਲਮੇਲ ਕਰਕੇ ਪੰਜਾਬ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਦਰਸਾਈਆਂ ਹਦਾਇਤਾਂ ਅਤੇ ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲਾ, ਨਵੀਂ ਦਿੱਲੀ ਵੱਲੋਂ ਜਾਰੀ ਕੋਵਿਡ 19 ਗਾਈਡਲਾਈਨਜ਼ ਆਨ ਡੈਡ ਬਾਡੀ ਮੈਨੇਜਮੈਂਟ ਵਿਚ ਦਰਸਾਈਆਂ ਗਾਈਡਲਾਈਨਜ਼ ਨੂੰ ਮੁੱਖ ਰੱਖਦੇ ਹੋਏ ਮ੍ਰਿਤਕ ਦਾ ਸਸਕਾਰ ਆਪਣੀ ਹਾਜ਼ਰੀ ਵਿਚ ਕਰਵਾਏਗਾ।

ਮ੍ਰਿਤਕ ਦਾ ਸਸਕਾਰ ਕਰਨ ਤੋਂ ਪਹਿਲਾਂ ਸਬੰਧਤ ਡਿਊਟੀ ਮੈਜਿਸਟਰੇਟ ਅਤੇ ਮੁੱਖ ਥਾਣਾ ਅਫਸਰ ਸਾਂਝੇ ਤੌਰ ਉੱਪਰ ਆਪਣੇ ਵੱਲੋਂ ਮ੍ਰਿਤਕ ਦੇ ਪਰਿਵਾਰ ਨੂੰ ਇਸ ਗੱਲ ਲਈ ਜ਼ਰੂਰ ਪ੍ਰੇਰਿਤ ਕਰਨਗੇ ਕਿ ਉਹ ਮ੍ਰਿਤਕ ਦੇ ਅੰਤਿਮ ਸਸਕਾਰ ਵਿਚ ਹਾਜ਼ਰ ਹੋ ਕੇ ਅੰਤਿਮ ਰਸਮਾਂ ਨਿਭਾਉਣ। ਕਰੋਨਾ ਵਾਇਰਸ ਪੀੜਤ ਮ੍ਰਿਤਕ ਦੀ ਲਾਸ਼ ਦਾ ਸਸਕਾਰ ਕਰਨ ਲਈ ਹੇਠ ਲਿਖੀ ਕਮੇਟੀ ਵੀ ਗਠਿਤ ਕੀਤੀ ਗਈ ਹੈ ਜਿਸ ਵਿਚ ਡਿਊਟੀ ਮੈਜਿਸਟਰੇਟ ਜੋ ਸਬੰਧਤ ਉਪਮੰਡਲ ਮੈਜਿਸਟਰੇਟ ਵੱਲੋਂ ਤਾਇਨਾਤ ਕੀਤਾ ਜਾਵੇਗਾ, ਸਬੰਧਤ ਥਾਣੇ ਦਾ ਮੁੱਖ ਥਾਣਾ ਅਫਸਰ ਜਾਂ ਉਸ ਵੱਲੋਂ ਅਧਿਕਾਰਿਤ ਕੀਤਾ ਥਾਣੇਦਾਰ, ਨਗਰ ਕੌਂਸਲ/ਨਗਰ ਪੰਚਾਇਤ ਵੱਲੋਂ ਗਠਿਤ ਕੀਤੀ ਕਮੇਟੀ ਦੇ ਸਮੂਹ ਮੈਂਬਰ, ਸਬੰਧਤ ਸਮਸ਼ਾਨ ਘਾਟ ਦਾ ਉਹ ਕਰਮਚਾਰੀ ਜੋ ਮ੍ਰਿਤਕ ਦੇਹ ਦਾ ਸਸਕਾਰ ਕਰਵਾਉਂਦਾ ਹੈ, ਪਰਿਵਾਰ ਦੀ ਇੱਛਾ ਮੁਤਾਬਿਕ ਸਬੰਧਤ ਪਰਿਵਾਰ ਦੇ ਉਹ ਮੈਂਬਰ ਜਿਨ੍ਹਾਂ ਨੇ ਮ੍ਰਿਤਕ ਦੇਹ ਨੂੰ ਅਗਨੀ ਭੇਟ ਕਰਨੀ ਹੋਵੇ।

ਉਕਤ ਗਠਿਤ ਟੀਮ ਇਸ ਗੱਲ ਦਾ ਪੂਰਾ ਖਿਆਲ ਰੱਖੇਗੀ ਕਿ ਇਹ ਸਸਕਾਰ ਮ੍ਰਿਤਕ ਦੇ ਪਰਿਵਾਰ ਦੀਆਂ ਪਹਿਲਾਂ ਤੋਂ ਚੱਲੀਆਂ ਆ ਰਹੀਆਂ ਰੀਤੀ ਰਿਵਾਜਾਂ ਮੁਤਾਬਕ ਜੋ ਕੇਵਲ ਸ਼ਮਸ਼ਾਨ ਘਾਟ ਵਿਚ ਚੱਲਦੀਆਂ ਹਨ, ਸਰਕਾਰ ਦੀਆਂ ਹਦਾਇਤਾਂ/ਗਾਈਡਲਾਈਨਜ਼ ਮੁਤਾਬਕ ਕੀਤਾ ਜਾਵੇਗਾ।

ਸਿਵਲ ਸਰਜਨ ਫਰੀਦਕੋਟ ਮ੍ਰਿਤਕ ਦੇਹ ਦਾ ਸਸਕਾਰ ਕਰਨ ਲਈ ਟੀਮ ਦੇ ਸਮੂਹ ਮੈਂਬਰਾਂ ਨੂੰ ਲੋੜ ਅਨੁਸਾਰ ਪ੍ਰੋਟੈਕਟਿਵ ਸਪਲਾਈ ਕਰਨਗੇ।

ਸਬੰਧਤ ਹਸਪਤਾਲ ਦਾ ਡਾਕਟਰ/ਮੈਡੀਕਲ ਸੁਪਰਡੈਂਟ ਮ੍ਰਿਤਕ ਦੀ ਦੇਹ ਨੂੰ ਵਿਸੇਸ਼ ਐਂਬੂਲੈਂਸ ਰਾਹੀਂ ਉਪਰੋਕਤ ਪੈਰੇ ਵਿਚ ਵਰਨਣ ਹਦਾਇਤਾਂ/ਗਾਈਡਲਾਈਨਜ਼ ਨੂੰ ਮੁੱਖ ਰੱਖਦੇ ਹੋਏ, ਪ੍ਰੋਟੋਕਾਲ ਮੁਤਾਬਕ ਲਾਸ਼ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਮੰਤਵ ਲਈ ਨਿਰਧਾਰਿਤ ਕੀਤੇ ਗਏ ਸ਼ਮਸ਼ਾਨ ਘਾਟ ਵਿਚ ਪਹੁੰਚਾਉਣ ਲਈ ਜ਼ਿਮੇਵਾਰ ਹੋਵੇਗਾ।

ਸਬੰਧਤ ਕਾਰਜ ਸਾਧਕ ਅਫਸਰ, ਨਗਰ ਕੌਂਸਲ ਜ਼ਿਲ੍ਹਾ ਫਰੀਦਕੋਟ ਅਤੇ ਜ਼ਿਲ੍ਹੇ ਦੇ ਸਬੰਧਤ ਬੀ ਡੀ ਪੀ ਉਜ਼ ਇਸ ਮੰਤਵ ਲਈ ਇਕ ਟੀਮ ਸਮੇਤ ਇਕ ਨੋਡਲ ਅਫਸਰ ਦਾ ਗਠਨ ਕਰੇਗਾ। ਇਸ ਟੀਮ ਦੇ ਅਧਿਕਾਰੀ/ਕਰਮਚਾਰੀਆਂ ਦੇ ਨਾਮ ਅਹੁਦੇ ਸਮੇਤ ਮੋਬਾਇਲ ਨੰਬਰ ਮੁਤਾਬਿਕ ਲਿਸਟ ਜਾਰੀ ਕਰੇਗਾ।

ਸਬੰਧਤ ਨਗਰ ਕੌਸਲ ਵੱਲੋਂ ਗਠਿਤ ਟੀਮ ਸਸਕਾਰ ਲਈ ਲੋੜੀਂਦਾ ਹਰ ਪ੍ਰਕਾਰ ਦਾ ਸਮਾਨ/ਸਮੱਗਰੀ/ਲੱਕੜ ਆਦਿ ਵੀ ਮੁਹੱਈਆ ਕਰਵਾਏਗੀ।

ਸਬੰਧਤ ਕਾਰਜ ਸਾਧਕ ਅਫਸਰ, ਨਗਰ ਕੌਂਸਲ/ਸਬੰਧਤ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਜ਼ਿਲ੍ਹਾ ਫਰੀਦਕੋਟ ਸ਼ਹਿਰ ਅਤੇ ਦਿਹਾਤੀ ਏਰੀਏ ਦੇ ਖਾਸ ਕਰਕੇ, ਉਹਨਾਂ ਸ਼ਮਸ਼ਾਨ ਘਾਟਾਂ, ਜੇਕਰ ਸੰਭਵ ਹੋਵੇ, ਉਹ ਸ਼ਮਸ਼ਾਨ ਘਾਟ ਜਿਥੇ ਸਸਕਾਰ ਇਲੈਕਟ੍ਰੋਨਿਕ ਮਸ਼ੀਨ ਜਾਂ ਗੈਸ ਮਸ਼ੀਨ ਰਾਹੀਂ ਕਰਨ ਦੀ ਸੁਵਿਧਾ ਉਪਲੱਬਧ ਹੋਵੇ ਨੂੰ ਡੈਜੀਗਨੇਟ ਕਰੇਗਾ।

ਕਰੋਨਾ ਪੀੜਤ ਮ੍ਰਿਤਕ ਦੇਹ ਦੇ ਸਸਕਾਰ ਲਈ ਸਬੰਧਤ ਉਪ ਮੰਡਲ ਮੈਜਿਸਟਰੇਟ ਨੋਡਲ ਅਫਸਰ ਹੋਣਗੇ ਜੋ ਉਪਰੋਕਤ ਹਦਾਇਤਾਂ ਅਤੇ ਗਠਿਤ ਟੀਮਾਂ ਦੇ ਮੈਂਬਰਾਂ ਅਤੇ ਸਬੰਧਤ ਡੈਜੀਗਨੇਟਡ ਸ਼ਮਸ਼ਾਨ ਘਾਟ ਦੇ ਪ੍ਰਬੰਧਕਾਂ ਨਾਲ ਜ਼ਰੂਰੀ ਮੀਟਿੰਗਾਂ ਤੁਰੰਤ ਕਰਕੇ ਸਾਰੇ ਪ੍ਰਬੰਧਾਂ ਨੂੰ ਪਹਿਲਾਂ ਤੋਂ ਹੀ ਮੁਕੰਮਲ ਕਰਨਗੇ। ਇਸ ਤੋਂ ਇਲਾਵਾ ਨੋਡਲ ਅਫਸਰ ਉਕਤ ਵਰਨਣ ਟੀਮ ਦੇ ਸਾਰੇ ਮੈਂਬਰਾਂ ਨੂੰ ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ, ਨਵੀਂ ਦਿੱਲੀ ਵੱਲੋਂ ਜਾਰੀ ਕੋਵਿਡ 19 ਗਾਈਡਲਾਈਨਜ਼ ਆਨ ਡੈਡ ਬਾਡੀ ਮੈਨੇਜਮੈਂਟ, ਪੰਜਾਬ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਅਤੇ ਪੰਜਾਬ ਪੁਲਿਸ ਰੂਲਜ ਵਿਚ ਦਰਸਾਈਆਂ ਤਮਾਮ ਹਦਾਇਤਾਂ/ਗਾਈਡਲਾਈਂਨਜ ਮੁਤਾਬਕ ਕਰੋਨਾ ਵਾਇਰਸ ਪੀੜਤ ਮ੍ਰਿਤਕ ਦੇਹ ਦਾ ਕਿਵੇ ਸਸਕਾਰ ਕੀਤਾ ਜਾਣਾ ਹੈ, ਦੀ ਪੂਰੀ ਟਰੇਨਿੰਗ ਦੇਣਗੇ ਤਾਂ ਕਿ ਸਰਕਾਰ ਦੀਆਂ ਗਾਈਡਲਾਈਨਜ਼/ਹਦਾਇਤਾਂ ਦੀ ਇੰਨ ਬਿੰਨ ਪਾਲਣਾ ਹੋਣਾ ਯਕੀਨੀ ਹੋ ਸਕੇ।ਉਨ੍ਹਾਂ ਕਿਹਾ ਕਿ ਇਹ ਹੁਕਮ ਤੁਰੰਤ ਪ੍ਰਭਾਵ ਤੋਂ ਲਾਗੂ ਹੋਣਗੇ।